# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ

# ਪ੍ਰੈਸ ਨੋਟ

## ਵਾਰਡ ਨੰ: 35 ਦੇ ਨਿਵਾਸੀਆਂ ਨੂੰ ਜਲਦ ਮਿਲੇਗਾ ਪੀਣ ਵਾਲੇ ਪਾਣੀ ਦਾ ਟਿਊਬਵੈਲ......ਮੇਅਰ ਸ਼ਿਵ ਸੂਦ

## ਮੇਅਰ ਸ਼ਿਵ ਸੂਦ ਨੇ ਵਾਰਡ ਨੰ: 35 ਦਾ ਦੌਰਾ ਕਰਕੇ ਮੁਸ਼ਕਿਲਾਂ ਸਬੰਧੀ ਜਾਣਕਾਰੀ ਲਈ

ਹੁਸ਼ਿਆਰਪੁਰ 19 ਮਈ ਮੇਅਰ ਸ਼ਿਵ ਸੂਦ ਨੇ ਅੱਜ ਵਾਰਡ ਨੰ: 35 ਦੇ ਕੌਂਸਲਰ ਨਿਪੁੰਨ ਸ਼ਰਮਾ ਨੂੰ ਨਾਲ ਲੈ ਕੇ ਉਹਨਾਂ ਦੇ ਵਾਰਡ ਦਾ ਦੌਰਾ ਕੀਤਾ ਅਤੇ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ। ਕੌਂਸਲਰ ਰਮੇਸ਼ ਕੁਮਾਰ ਠਾਕੁਰ, ਅਸ਼ੋਕ ਕੁਮਾਰ, ਵਿਨੋਦ ਪਰਮਾਰ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ। ਵਾਰਡ ਦੇ ਕੌਂਸਲਰ ਨਿਪੁੰਨ ਸ਼ਰਮਾ ਨੇ ਇਸ ਮੌਕੇ ਤੇ ਕੁਝ ਗਲੀਆਂ ਵਿਚ ਪੀਣ ਵਾਲੇ ਪਾਣੀ ਦੀ ਸਪਲਾਈ ਠੀਕ ਨਾ ਹੋਣ ਸਬੰਧੀ ਜਾਣਕਾਰੀ ਦਿੱਤੀ ਜਿਸ ਤੇ ਮੇਅਰ ਨੇ ਮੌਕੇ ਤੇ ਹੀ ਸਬੰਧਤ ਅਧਿਕਾਰੀਆਂ ਨੂੰ ਪੀਣ ਵਾਲੇ ਪਾਣੀ ਦੀਆਂ ਪਾਈਪਾਂ ਠੀਕ ਕਰਕੇ ਪਾਣੀ ਦੀ ਸਪਲਾਈ ਨਿਰਵਿਘਨ ਚਾਲੂ ਰੱਖਣ ਦੀ ਹਦਾਇਤ ਕੀਤੀ। ਉਹਨਾਂ ਨੇ ਦੱਸਿਆਂ ਕਿ ਵਾਰਡ ਨੰ: 35 ਲਈ ਪੀਣ ਵਾਲੇ ਪਾਣੀ ਦਾ ਇਕ ਹੋਰ ਨਵਾ ਟਿਊਬਵੈਲ ਮੰਜੂਰ ਹੋ ਚੁੱਕਾ ਹੈ ਅਤੇ ਜਲਦੀ ਹੀ ਵਾਰਡ ਵਾਸੀਆਂ ਨੂੰ ਨਵਾ ਟਿਊਬਵੈਲ ਲਗਾ ਕੇ ਦਿੱਤਾ ਜਾਵੇਗਾ। ਜਿਸ ਨਾਲ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀਂ ਰਹੇਗੀ। ਵਾਰਡ ਨੰ: 35 ਦੇ ਕੌਂਸਲਰ ਨਿਪੁੰਨ ਸ਼ਰਮਾ ਨੇ ਮੇਅਰ ਦਾ ਵਾਰਡ ਵਿਚ ਆਉਣ ਤੇ ਧੰਨਵਾਦ ਕੀਤਾ।